




ਰੋਜ਼ਾਨਾ ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com

24 ਫਰਵਰੀ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)








R.N.I. /Punpun/29016/2008/ • ਸਾਲ : 15 • ਅੰਕ : 56 • ਮੁੱਲ : 5.00 ਰੁਪਏ • ਕੁੱਲ ਪੇਜ : 10 • ਫੈਕਸ: 0181-2211009, 99155-94111


## ਇੰਟਰਨੈਸ਼ਨਲ ਏਅਰਪੋਰਟ ਤੋਂ ਕਰੋੜਾਂ ਦੀ ਕਰੰਸੀ ਕਾਬੂ



**ਦਿੱਲੀ/ਕਪੂਰ**

ਕਸਟਮ ਅਧਿਕਾਰੀਆਂ ਨੇ ਮੁੰਬਈ ਹਵਾਈ ਅੱਡੇ 'ਤੇ ਭਾਰਤੀ ਮੂਲ ਦੇ ਇਕ ਅਮਰੀਕੀ ਨਾਗਰਿਕ ਤੋਂ ਕਰੋੜਾਂ ਰੁਪਏ ਦੀ ਵਿਦੇਸ਼ੀ ਮੁਦਰਾ ਜ਼ਬਤ ਕੀਤੀ ਹੈ। ਇਕ ਅਧਿਕਾਰੀ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਦੱਸਿਆ ਕਿ ਸੀ.ਆਈ.ਐੱਸ.ਐੱਫ. ਦੇ ਸਹਿਯੋਗ ਨਾਲ ਸੋਮਵਾਰ ਨੂੰ 8.3 ਕਰੋੜ ਰੁਪਏ ਦੇ ਨੋਟ ਜ਼ਬਤ ਕੀਤੇ ਗਏ।

## ਕੋਲੇ ਦੀ ਖਾਨ ਧਸਣ ਨਾਲ 2 ਦੀ ਮੌਤ, 50 ਲਾਪਤਾ

**ਬੀਜਿੰਗ/ਲੋਕ ਬਾਣੀ**

:ਚੀਨ ਦੇ ਅੰਦਰੂਨੀ ਮੰਗੋਲੀਆ ਆਟੋਨੋਮਸ ਖੇਤਰ 'ਚ ਬੁੱਧਵਾਰ ਨੂੰ ਇਕ ਖਾਨ ਦੇ ਧਸਣ ਨਾਲ 2 ਲੋਕਾਂ ਦੀ ਮੌਤ ਹੋ ਗਈ ਅਤੇ 53 ਲਾਪਤਾ ਹਨ। ਸਥਾਨਕ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਲੈਕਸਾ ਲੀਗ 'ਚ ਖਾਨ ਦੇ ਧਸਣ ਕਾਰਨ ਲੋਕ ਮਲਬੇ ਹੇਠਾਂ ਦੱਬ ਗਏ। ਬਚਾਅ ਕਰਮਚਾਰੀ ਮਲਬੇ 'ਚ ਫਸੇ ਲੋਕਾਂ ਨੂੰ ਕੱਢਣ 'ਚ ਲੱਗੇ ਹੋਏ ਹਨ। ਅਲੈਕਸਾ ਲੀਗ ਨੇ ਐਮਰਜੈਂਸੀ ਪ੍ਰਬੰਧਨ ਅਥਾਰਟੀ ਦੇ ਹਵਾਲੇ ਨਾਲ ਕਿਹਾ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ 50 ਤੋਂ ਵੱਧ ਲੋਕ ਖਾਨ ਦੇ ਹੇਠਾਂ ਫਸੇ ਹੋਏ ਹਨ। ਪ੍ਰਚਾਰ ਬਿਊਰੋ ਮੁਤਾਬਕ 8 ਲੋਕਾਂ ਨੂੰ ਬਾਹਰ ਕੱਢਿਆ ਗਿਆ, ਜਿਨਾਂ 'ਚੋਂ 2 ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। 6 ਲੋਕ ਹਸਪਤਾਲ ਵਿੱਚ ਦਾਖਲ ਹਨ। ਪ੍ਰਾਪਤ ਜਾਣਕਾਰੀ ਅਨੁਸਾਰ 334 ਬਚਾਅ ਕਰਮਚਾਰੀਆਂ ਦੇ ਨਾਲ 8 ਟੀਮਾਂ ਬਚਾਅ ਕਾਰਜ ਵਿੱਚ ਲੱਗੀਆਂ ਹੋਈਆਂ ਹਨ।



ਲਾਪਤਾ ਲੋਕਾਂ ਦੀ ਭਾਲ ਲਈ ਆਸ-ਪਾਸ ਦੇ ਇਲਾਕਿਆਂ ਤੋਂ ਬਚਾਅ ਕਰਮੀਆਂ ਨੂੰ ਭੇਜਿਆ ਗਿਆ ਹੈ। ਅੰਦਰੂਨੀ ਮੰਗੋਲੀਆ ਚੀਨ ਵਿੱਚ ਕੋਲੇ ਅਤੇ ਹੋਰ ਖਣਿਜਾਂ ਦੀ ਖੋਦਾਈ ਲਈ ਇਕ ਪ੍ਰਮੁੱਖ ਖੇਤਰ ਹੈ। ਸਥਾਨਕ ਏਜੰਸੀਆਂ ਤੋਂ ਇਲਾਵਾ ਲੋਕਾਂ ਨੂੰ ਕੱਢਣ ਲਈ ਫੌਜ ਦੀ ਮਦਦ ਲੈਣ ਦੀ ਵੀ ਤਿਆਰੀ ਕੀਤੀ ਜਾ ਰਹੀ ਹੈ। ਐਮਰਜੈਂਸੀ ਨਾਲ ਨਜਿੱਠਣ ਲਈ ਨੇੜਲੇ ਹਸਪਤਾਲਾਂ ਨੂੰ ਅਲਰਟ 'ਤੇ ਰੱਖਿਆ ਗਿਆ ਹੈ।

## ਹਰਿਆਣਾ ਸਰਕਾਰ ਨੇ ਕੀਤਾ ਆਪਣਾ ਬਜਟ ਪੇਸ਼

**ਹਰਿਆਣਾ/ਲੋਕ ਬਾਣੀ**



ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਨੇ ਵਿਧਾਨ ਸਭਾ 'ਚ ਵਿੱਤ ਸਾਲ 2023-24 ਲਈ ਸੂਬੇ ਦਾ ਬਜਟ ਪੇਸ਼ ਕਰਦੇ ਹੋਏ ਵੀਰਵਾਰ ਨੂੰ ਕਿਹਾ ਕਿ ਸੂਬੇ ਦੇ ਲੋਕਾਂ 'ਤੇ ਕੋਈ ਨਵਾਂ ਟੈਕਸ ਨਹੀਂ ਲਗਾਇਆ ਜਾਵੇਗਾ। ਖੱਟੜ ਕੋਲ ਰਾਜ ਦੇ ਵਿੱਤ ਮੰਤਰਾਲਾ ਦਾ ਵੀ ਚਾਰਜ ਹੈ। ਉਨਾਂ ਨੇ ਆਉਣ ਵਾਲੇ ਵਿੱਤ ਸਾਲ ਲਈ 1,83,950 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ ਹੈ ਜੋ ਸੋਧ ਅਨੁਮਾਨ 1,64808 ਕਰੋੜ ਰੁਪਏ ਤੋਂ 11.6 ਫੀਸਦੀ ਵੱਧ ਹੈ। ਭਾਜਪਾ ਅਤੇ ਜਨਨਾਇਕ ਜਨਤਾ ਪਾਰਟੀ (ਜੇ.ਜੇ.ਪੀ.) ਸਰਕਾਰ ਦੇ ਦੂਜੇ ਕਾਰਜਕਾਲ ਦਾ ਇਹ ਚੌਥਾ ਬਜਟ ਪੇਸ਼ ਕਰਦੇ ਹੋਏ ਮੁੱਖ ਮੰਤਰੀ ਇੱਥੇ ਵਿਧਾਨ ਸਭਾ 'ਚ ਕਿਹਾ ਕਿ ਬਜਟ 'ਚ ਨਵਾਂ ਟੈਕਸ ਲਗਾਉਣ ਦਾ ਕੋਈ ਪ੍ਰਸਤਾਵ ਨਹੀਂ ਹੈ। ਮੁੱਖ ਮੰਤਰੀ ਨੇ ਬਜਟ 'ਚ ਸਮਾਜਿਕ ਸੁਰੱਖਿਆ ਪੈਨਸ਼ਨ ਨੂੰ ਮੌਜੂਦਾ 2,500 ਰੁਪਏ ਪ੍ਰਤੀ ਮਹੀਨੇ ਤੋਂ ਵਧਾ ਕੇ 2,750 ਰੁਪਏ ਪ੍ਰਤੀ ਮਹੀਨਾ ਕਰਨ ਅਤੇ ਹਰਿਆਣਾ ਗਊ ਰੱਖਿਆ ਸੇਵਾ ਕਮਿਸ਼ਨ ਲਈ ਫੰਡ ਨੂੰ ਮੌਜੂਦਾ 40 ਕਰੋੜ ਰੁਪਏ ਤੋਂ ਵਧਾ ਕੇ 400 ਕਰੋੜ ਰੁਪਏ ਕਰਨ ਦਾ ਵੀ ਪ੍ਰਸਤਾਵ ਰੱਖਿਆ।

## 27 ਤੱਕ ਵਿਜੀਲੈਂਸ ਰਿਮਾਂਡ ਤੇ ਰਹੇਗਾ ਪੰਜਾਬ ਸਰਕਾਰ ਦਾ ਵਿਧਾਇਕ

**ਚੰਡੀਗੜ੍ਹ/ਵਿਨੋਦ ਸ਼ਰਮਾ**



ਕਥਿਤ ਰਿਸ਼ਵਤ ਮਾਮਲੇ 'ਚ ਵਿਜੀਲੈਂਸ ਵਲੋਂ ਅੱਜ ਸਵੇਰੇ ਕਰਨਾਲ ਤੋਂ ਗ੍ਰਿਫ਼ਤਾਰ ਕੀਤੇ ਗਏ ਬਠਿੰਡਾ ਦਿਹਾਤੀ ਹਲਕੇ ਦੇ 'ਆਪ' ਵਿਧਾਇਕ ਅਮਿਤ ਰਤਨ ਨੂੰ ਜੱਜ ਦਲਜੀਤ ਕੌਰ ਦੀ ਅਦਾਲਤ ਨੇ 27 ਫਰਵਰੀ ਤੱਕ ਵਿਜੀਲੈਂਸ ਰਿਮਾਂਡ 'ਤੇ ਭੇਜ ਦਿੱਤਾ ਹੈ, ਜਦਕਿ ਉਸ ਦੇ ਪੀ.ਏ. ਰਸ਼ਿਮ ਗਰਗ ਦੇ ਪਹਿਲਾਂ ਤੋਂ ਚੱਲ ਰਹੇ ਰਿਮਾਂਡ 'ਚ ਇਕ ਦਿਨ ਦਾ ਹੋਰ ਵਾਧਾ ਕੀਤਾ ਗਿਆ। ਵਿਧਾਇਕ ਨੇ ਕਿਹਾ ਕਿ ਮੈਨੂੰ ਸ਼ਾਜਿਸ਼ ਤਹਿਤ ਫ਼ਸਾਇਆ ਗਿਆ ਹੈ।

## ਹੁਣ ਈਡੀ ਹੋਈ ਕੇਜਰੀਵਾਲ ਦੇ ਪੀਏ ਦੁਆਲੇ

**ਦਿੱਲੀ/ਕਪੂਰ**



ਇਨਫੋਰਸਮੈਂਟ ਡਾਇਰੈਕਟੋਰੇਟ (ED) ਨੇ ਦਿੱਲੀ ਦੇ ਕਥਿਤ ਆਬਕਾਰੀ ਨੀਤੀ ਘੁਟਾਲੇ 'ਚ ਮਨੀ ਲਾਂਡਰਿੰਗ ਨਾਲ ਜੁੜੇ ਮਾਮਲੇ 'ਚ ਮੁੱਖ ਮੰਤਰੀ ਅਰਵਿੰਦਰ ਕੇਜਰੀਵਾਲ ਦੇ ਕਰੀਬੀ ਬਿਭਵ ਕੁਮਾਰ ਤੋਂ ਪੁੱਛਗਿੱਛ ਕੀਤੀ ਹੈ। ਇਹ ਪੁੱਛਗਿੱਛ ਵੀਰਵਾਰ ਨੂੰ ਹੋਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ ਹੈ। ਜਾਣਕਾਰੀ ਮੁਤਾਬਕ ਈਡੀ ਨੇ ਕੇਜਰੀਵਾਲ ਦੇ ਪੀ.ਏ. ਬਿਭਵ ਕੁਮਾਰ ਦਾ ਬਿਆਨ ਦਰਜ ਕਰ ਲਿਆ ਹੈ। ਦਿੱਲੀ ਦੇ ਡਿਪਟੀ ਸੀਐਮ ਮਨੀਸ਼ ਸਿਸੋਦੀਆ ਸਮੇਤ ਪੂਰੇ ਮਾਮਲੇ ਵਿੱਚ ਕੁੱਲ 36 ਮੁਲਜ਼ਮ ਹਨ। ਦੋਸ਼ ਹੈ ਕਿ ਇਸ ਮਾਮਲੇ 'ਚ ਹਜ਼ਾਰਾਂ ਕਰੋੜ ਰੁਪਏ ਦਾ ਲੈਣ-ਦੇਣ ਹੋਇਆ ਹੈ। ਫਿਲਹਾਲ ਈਡੀ ਨੇ ਇਸ ਮਾਮਲੇ 'ਚ ਦੋ ਮਾਮਲੇ ਦਰਜ ਕੀਤੇ ਹਨ ਅਤੇ ਹੁਣ ਤੱਕ ਕੁੱਲ 9 ਲੋਕਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।


## ਪੰਜਾਬ ਤੇ ਹਿਮਾਚਲ ਦੇ ਡੀਜੀਪੀ ਨੇ ਕੀਤੀ ਤਾਲਮੇਲ ਮੀਟਿੰਗ

**ਜਲੰਧਰ/ਹਰਬੰਸ ਬਿੱਟੂ**



ਅੱਜ ਹਿਮਾਚਲ ਅਤੇ ਪੰਜਾਬ ਪੁਲਿਸ ਦੇ ਡੀ.ਜੀ.ਪੀ. ਵਿਚਕਾਰ ਦੋਵਾਂ ਪੁਲਿਸ ਬਲਾਂ ਦਰਮਿਆਨ ਬਿਹਤਰ ਤਾਲਮੇਲ ਲਈ ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਮੀਟਿੰਗ ਹੋਈ। ਮਿਲੀ ਜਾਣਕਾਰੀ ਅਨੁਸਾਰ ਇਸ ਮੀਟਿੰਗ ਵਿਚ ਉਨਾਂ ਵਲੋਂ ਦੋਵਾਂ ਸਰਹੱਦਾਂ 'ਤੇ ਸਾਂਝੇ ਆਪਰੇਸ਼ਨਾਂ 'ਤੇ ਮਿਲ ਕੇ ਕੰਮ ਕਰਨ ਲਈ ,ਐਂਟਰੀ/ਐਗਜ਼ਿਟ ਪੁਆਇੰਟਾਂ 'ਤੇ ਸੀ.ਸੀ.ਟੀ.ਵੀ ਕੈਮਰਿਆਂ ਨੂੰ ਵੀ ਮਜ਼ਬੂਤ ਕਰਨ ਅਤੇ ਖ਼ੇਤਰ ਨੂੰ ਸੁਰੱਖ਼ਿਅਤ ਰੱਖਣ ਲਈ ਨਸ਼ੀਲੇ ਪਦਾਰਥਾਂ ਦੀ ਸਪਲਾਈ ਚੇਨ ਅਤੇ ਨਾਜਾਇਜ਼ ਸ਼ਰਾਬ ਦਾ ਮੁਕਾਬਲਾ ਕਰਨ ਲਈ ਸਾਂਝੇ ਉਪਾਅ ਕਰਨ ਸੰਬੰਧੀ ਗੱਲਬਾਤ ਕੀਤੀ ਗਈ।

## ਅੰਮ੍ਰਿਤਪਾਲ ਅੱਗੇ ਬੌਨੀ ਸਾਬਤ ਹੋਈ ਪੁਲਿਸ, ਦਰਜ ਮਾਮਲਾ ਕੈਂਸਲ ਕੀਤਾ



**ਅੰਮ੍ਰਿਤਸਰ/ਲੋਕ ਬਾਣੀ**

ਸਿੱਖ ਜਥੇਬੰਦੀ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਵੱਲੋਂ ਅਜਨਾਲਾ ਪੁਲਿਸ ਨੂੰ ਦਿੱਤੀ ਧਮਕੀ ਤੋਂ ਬਾਅਦ ਵੀਰਵਾਰ ਨੂੰ ਅੰਮ੍ਰਿਤਪਾਲ ਦੇ ਹਜ਼ਾਰਾਂ ਸਮਰਥਕਾਂ ਨੇ ਅਜਨਾਲਾ ਥਾਣੇ 'ਤੇ ਤਲਵਾਰਾਂ ਤੇ ਬੰਦੂਕਾਂ ਨਾਲ ਹਮਲਾ ਕਰ ਦਿੱਤਾ। ਅੰਮ੍ਰਿਤਪਾਲ ਦੇ ਸਮਰਥਕਾਂ ਨੇ ਪੁਲੀਸ ਬੈਰੀਕੇਡ ਤੋੜ ਦਿੱਤੇ। ਇਸ ਦੌਰਾਨ ਅੰਮ੍ਰਿਤਪਾਲ ਦੇ ਸਮਰਥਕਾਂ ਨੇ ਕੁਝ ਪੁਲਿਸ ਮੁਲਾਜ਼ਮਾਂ ਦੀ ਬੁਰੀ ਤਰਾਂ ਕੁੱਟਮਾਰ ਵੀ ਕੀਤੀ। ਭੀੜ ਵਿੱਚ ਸ਼ਾਮਲ ਲੋਕਾਂ ਵੱਲੋਂ ਕੁਝ ਵਾਹਨਾਂ ਦੀ ਭੰਨ-ਤੋੜ ਵੀ ਕੀਤੀ ਗਈ। ਜਿਵੇਂ ਹੀ ਭੀੜ ਨੇ ਪੁਲਿਸ ਨਾਕਿਆਂ 'ਤੇ ਹਮਲਾ ਕੀਤਾ ਤਾਂ ਉਥੇ ਤਾਇਨਾਤ ਪੁਲੀਸ ਮੁਲਾਜ਼ਮ ਪਿੱਛੇ ਹਟ ਗਏ। ਇਸ ਤੋਂ ਬਾਅਦ ਅੰਮ੍ਰਿਤਪਾਲ ਅਤੇ ਉਸ ਦੇ ਸਮਰਥਕ ਰੋਸ ਮਾਰਚ ਕਰਦੇ ਹੋਏ ਥਾਣੇ ਦੇ ਬਾਹਰ ਹੀ ਪਹੁੰਚ ਗਏ ਅਤੇ ਅੰਮ੍ਰਿਤਪਾਲ ਦੇ ਸਮਰਥਕਾਂ ਨੇ ਥਾਣੇ ਦੇ ਬਾਹਰ ਧਰਨਾ ਦੇਣਾ ਸ਼ੁਰੂ ਕਰ ਦਿੱਤਾ।

## ਬੌਨੀ ਹੋਈ ਪੰਜਾਬ ਪੁਲਿਸ ਦਾ ਆਇਆ ਬਿਆਨ, ਲਵਪ੍ਰੀਤ ਤੂਫਾਨ ਹੋਵੇਗਾ ਰਿਹਾਅ

**ਅੰਮ੍ਰਿਤਸਰ/ਵਿਰਦੀ**

ਅੰਮ੍ਰਿਤਸਰ ਦੇ ਐਸ.ਐਸ.ਪੀ. ਨੇ ਕਿਹਾ ਕਿ ਸਾਡੇ ਸਾਹਮਣੇ ਪੇਸ਼ ਸਬੂਤਾਂ ਅਨੁਸਾਰ ਲਵਪ੍ਰੀਤ ਤੂਫ਼ਾਨ ਨੂੰ ਰਿਹਾਅ ਕਰ ਦਿੱਤਾ ਜਾਵੇਗਾ ਅਤੇ ਮਾਮਲੇ ਦੀ ਜਾਂਚ ਲਈ ਐਸ.ਆਈ.ਟੀ ਬਣਾਈ ਗਈ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111